# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 8-10-2023**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ, ਲਾਲ ਕਿਲ੍ਹੇ ਤੋਂ ਆਜ਼ਾਦੀ ਦਿਵਸ ਦੇ ਭਾਸ਼ਣ ਵਿੱਚ ਕੀਤੇ ਗਏ ਐਲਾਨਾਂ ਦੀ ਸਮੀਖਿਆ ਕਰਨ ਲਈ, ਕੱਲ੍ਹ ਨਵੀਂ ਦਿੱਲੀ ਵਿੱਚ ਇੱਕ ਅਹਿਮ ਮੀਟਿੰਗ ਕੀਤੀ ।

ਆਪਣੇ ਸੁਤੰਤਰਤਾ ਦਿਵਸ ਦੇ ਭਾਸ਼ਣ ਵਿੱਚ, ਪ੍ਰਧਾਨ ਮੰਤਰੀ ਮੋਦੀ ਨੇ ਗਰੀਬ ਤੇ ਮੱਧ ਵਰਗ ਲਈ ਮਕਾਨ ਦੇਣ ਵਾਸਤੇ, ਸਸਤੇ ਕਰਜ਼ੇ ਨੂੰ ਯਕੀਨੀ ਬਣਾਉਣ ਦਾ ਜ਼ਿਕਰ ਕੀਤਾ ਸੀ । ਮੀਟਿੰਗ ਵਿੱਚ ਉਨ੍ਹਾਂ, ਇਸ ਐਲਾਨ ਨੂੰ ਲਾਗੂ ਕਰਨ ਸਬੰਧੀ ਕੀਤੀਆਂ ਜਾ ਰਹੀਆਂ ਤਿਆਰੀਆਂ ਦਾ ਜਾਇਜ਼ਾ ਲਿਆ ।

ਆਪਣੇ ਭਾਸ਼ਣ ਵਿੱਚ ਪ੍ਰਧਾਨ ਮੰਤਰੀ ਨੇ ਘਰਾਂ ਲਈ, ਸੂਰਜੀ ਊਰਜਾ ਯਕੀਨੀ ਬਣਾਉਣ ਦਾ ਵੀ ਜ਼ਿਕਰ ਕੀਤਾ ਸੀ । ਮੀਟਿੰਗ ਵਿੱਚ ਇਸ ਦੀਆਂ ਤਿਆਰੀਆਂ ਦਾ ਜਾਇਜ਼ਾ ਵੀ ਲਿਆ ਗਿਆ।

-------------------------------------------------------------------

ਏਸ਼ੀਅਨ ਖੇਡਾਂ ਵਿੱਚ ਪੰਜਾਬ ਦੇ 33 ਖਿਡਾਰੀਆਂ ਨੇ 8 ਸੋਨੇ, 6 ਚਾਂਦੀ ਤੇ 5 ਕਾਂਸੀ ਦੇ ਤਮਗ਼ਿਆਂ ਸਮੇਤ ਕੁੱਲ 19 ਤਮਗ਼ੇ ਜਿੱਤ ਕੇ, ਖੇਡਾਂ ਦੇ 72 ਸਾਲ ਦੇ ਇਤਿਹਾਸ ਵਿੱਚ, ਹੁਣ ਤੱਕ ਦਾ ਸਰਵੋਤਮ ਪ੍ਰਦਰਸ਼ਨ ਕਰਦਿਆਂ, ਸੂਬੇ ਦਾ

ਕੌਮਾਂਤਰੀ ਖੇਡ ਨਕਸ਼ੇ ਉਤੇ ਨਾਮ ਰੌਸ਼ਨ ਕੀਤਾ ਏ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਸੂਬੇ ਨੂੰ ਮੁੜ ਖੇਡ ਨਕਸ਼ੇ ਉਤੇ ਨਾਮ ਚਮਕਾਉਣ ਵਾਲੇ, ਤਮਗ਼ਾ ਜੇਤੂਆਂ ਨੂੰ ਛੇਤੀ ਹੀ ਸਾਰੇ ਖਿਡਾਰੀਆਂ ਦੇ ਦੇਸ਼ ਵਾਪਸ ਆਉਣ ਤੇ ਵਿਸ਼ੇਸ਼ ਸਮਾਗਮ ਦੌਰਾਨ, ਨਗਦ ਇਨਾਮ ਰਾਸ਼ੀ ਨਾਲ ਸਨਮਾਨਤ ਕਰਨਗੇ।

ਖੇਡ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੇ,ਏਸ਼ੀਅਨ ਖੇਡਾਂਵਿੱਚ ਤਮਗ਼ੇ ਜਿੱਤਣ ਵਾਲੇ ਖਿਡਾਰੀਆਂ ਸਿਫ਼ਤ ਕੌਰ ਸਮਰਾ, ਤੇਜਿੰਦਰ ਪਾਲ ਸਿੰਘ ਤੂਰ ਤੇ ਹਰਮਿਲਨ ਬੈਂਸ ਦਾ ਫਰੀਦਕੋਟ ਤੇ ਪਟਿਆਲਾ ਵਿਖੇ ਕੱਲ ਸਵਾਗਤ ਤੇ ਸਨਮਾਨ ਕਰਦਿਆਂ ਇਹ ਗੱਲ ਕਹੀ। ਖੇਡ ਮੰਤਰੀ ਨੇ ਸੋਨੇ ਤੇ ਚਾਂਦੀ ਦਾ ਤਮਗ਼ਾ ਜਿੱਤ ਕੇ ਦੇਸ਼ ਦਾ ਨਾਮ ਰੌਸ਼ਨ ਕਰਨ ਵਾਲੀ

ਸਿਫ਼ਤ ਕੌਰ ਸਮਰਾ ਦੀ ਫਰੀਦਕੋਟ ਰਿਹਾਇਸ਼ ਉਤੇ ਜਾ ਕੇ ਮੁੱਖ ਮੰਤਰੀ ਤਰਫੋਂ ਸਨਮਾਨ ਕਰਦਿਆਂ ਨਿਸ਼ਾਨੇਬਾਜ਼ ਨੂੰ ਵਧਾਈ ਦਿੱਤੀ।

ਸ਼ਾਟਪੁੱਟ ਵਿੱਚ ਲਗਾਤਾਰ ਦੂਜੀ ਵਾਰ ਸੋਨ ਤਮਗਾ ਜਿੱਤਣ ਵਾਲੇ ਤੇਜਿੰਦਰ ਪਾਲ ਸਿੰਘ ਤੂਰ ਅਤੇ 800 ਤੇ 1500 ਮੀਟਰ ਦੌੜ ਵਿੱਚ ਦੋ ਚਾਂਦੀ ਦੇ ਤਮਗ਼ੇ ਜਿੱਤਣ ਵਾਲੀ ਹਰਮਿਲਨ ਬੈਂਸ ਦਾ ਪਟਿਆਲਾ ਪੁੱਜਣ ਤੇ ਉਨ੍ਹਾਂ ਭਰਵਾਂ ਸਵਾਗਤ ਅਤੇ ਸਨਮਾਨ ਕੀਤਾ।

ਇਸ ਮੌਕੇ ਹਰਮਿਲਨ ਦੀ ਮਾਤਾ ਅਰਜੁਨ ਐਵਾਰਡੀ ਮਾਧੁਰੀ ਅਮਨਦੀਪ ਸਿੰਘ ਦਾ ਵੀ ਸਨਮਾਨ ਕੀਤਾ ਗਿਆ। ਉਨ੍ਹਾਂ ਕਿਹਾ ਕਿ ਭਾਰਤੀ ਪੁਰਸ਼ ਕ੍ਰਿਕਟ ਟੀਮ

ਵੱਲੋਂ ਸੋਨ ਤਮਗ਼ਾ ਜਿੱਤਿਆ ਗਿਆ ਅਤੇ ਇਸ ਟੀਮ ਵਿੱਚ ਪੰਜਾਬ ਦੇ ਅਰਸ਼ਦੀਪ ਸਿੰਘ ਤੇ ਪ੍ਰਭਸਿਮਰਨ ਸਿੰਘ ਸ਼ਾਮਲ ਸਨ।

-------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ, ਬਠਿੰਡਾ ਨੂੰ 'ਮਾਡਲ ਜ਼ਿਲ੍ਹੇ' ਵਜੋਂ ਵਿਕਸਤ ਕਰਨ ਲਈ ਸੂਬਾ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਇਆ ਏ।

ਬਠਿੰਡਾ ਵਿਖੇ ਕੱਲ੍ਹ ਵਿਧਾਇਕਾਂ ਤੇ ਅਧਿਕਾਰੀਆਂ ਨਾਲ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ, ਮੁੱਖ ਮੰਤਰੀ ਨੇ ਜ਼ਿਲ੍ਹੇ ਵਿੱਚ ਚੱਲ ਰਹੇ ਵੱਖ-ਵੱਖ ਪ੍ਰਾਜੈਕਟਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਨੂੰ ਅਤਿ ਆਧੁਨਿਕ ਸਹੂਲਤਾਂ ਨਾਲ ਲੈਸ ਕੀਤਾ ਜਾਵੇਗਾ ਅਤੇ ਮਾਲਵੇ ਦੇ ਧੁਰੇ ਵਜੋਂ ਜਾਣੇ ਜਾਂਦੇ, ਇਸ ਜ਼ਿਲ੍ਹੇ ਨੂੰ ਆਉਣ ਵਾਲੇ ਮਹੀਨਿਆਂ ਵਿੱਚ ਮੁਕੰਮਲ ਰੂਪ ਦਿੱਤਾ ਜਾਵੇਗਾ।

ਮੁੱਖ ਮੰਤਰੀ ਨੇ ਕਿਹਾ ਕਿ ਅਵਾਰਾ ਪਸ਼ੂਆਂ ਦੀ ਸਮੱਸਿਆ ਹੱਲ ਕਰਨ ਦੇ ਉਦੇਸ਼ ਨਾਲ, ਸੂਬਾ ਸਰਕਾਰ ਬਠਿੰਡਾ ਜ਼ਿਲ੍ਹੇ ਵਿੱਚ ਛੇਤੀ ਹੀ ਇਕ ਪਾਇਲਟ ਪ੍ਰੋਜੈਕਟ ਸ਼ੁਰੂ ਕਰੇਗੀ। ਉਨ੍ਹਾਂ ਕਿਹਾ ਕਿ ਇਹ ਲੋਕਾਂ ਲਈ ਵੱਡੀ ਰਾਹਤ ਹੋਵੇਗੀ, ਕਿਉਂਕਿ ਇਸ ਨਾਲ ਕੀਮਤੀ ਮਨੁੱਖੀ ਜਾਨਾਂ ਬਚਾਉਣ ਵਿੱਚ ਮਦਦ ਮਿਲੇਗੀ।

-------------------------------------------------------------

ਐਨ.ਡੀ.ਪੀ.ਸੀ ਐਕਟ ਦੇ ਮਾਮਲੇ ਤਹਿਤ ਨਾਭਾ ਦੀ ਨਵੀਂ ਜਿਲ੍ਹਾ ਜੇਲ੍ਹ ਵਿੱਚ ਨਿਆਇਕ ਹਿਰਾਸਤ ਵਿੱਚ ਬੰਦ ਕਾਂਗਰਸੀ ਵਿਧਾਇਕ ਸੁਖਪਾਲ ਸਿੰਘ ਖਹਿਰਾ

ਨਾਲ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਨਵਜੋਤ ਸਿੰਘ ਸਿੱਧੂ ਨੇ ਕੱਲ੍ਹ ਕਰੀਬ ਇੱਕ ਘੰਟੇ ਤੱਕ ਮੁਲਾਕਾਤ ਕੀਤੀ।

ਇਸ ਮੌਕੇ 'ਤੇ ਉਨ੍ਹਾਂ ਕਿਹਾ ਕਿ ਸੁਖਪਾਲ ਸਿੰਘ ਖਹਿਰਾ ਨੂੰ, ਜਾਣ ਬੁੱਝ ਕੇ ਕੇਸ ਵਿੱਚ ਫਸਾਇਆ ਗਿਆ ਏ। ਉਨ੍ਹਾਂ ਕਿਹਾ ਕਿ ਸੁਖਪਾਲ ਸਿੰਘ ਖਹਿਰਾ ਦੇ ਹੱਕ ਵਿੱਚ ਭਗਵੰਤ ਸਿੰਘ ਮਾਨ ਉਸ ਵੇਲੇ ਡਟੇ ਹੋਏ ਸਨ ਜਦੋਂ ਸੁਖਪਾਲ ਖਹਿਰਾ, ਆਮ ਆਦਮੀ ਪਾਰਟੀ ਪਾਰਟੀ ਵਿੱਚ ਸਨ ਅਤੇ ਜਦੋਂ ਉਨ੍ਹਾਂ ਨੇ ਪਾਰਟੀ ਬਦਲ ਲਈ ਤਾਂ ਇਸ ਤੇ ਪੁਰਾਣਾ ਕੇਸ ਹੀ ਮੜ ਦਿੱਤਾ ਗਿਆ ਏ। ਨਵਜੋਤ ਸਿੱਧੂ ਨੇ ਕਿਹਾ ਕਿ 2 ਲੱਖ ਲੋਕਾਂ ਵਲੋਂ ਚੁਣੇ ਵਿਧਾਇਕ ਨਾਲ, ਇਸ ਤਰ੍ਹਾਂ ਦਾ ਵਤੀਰਾ ਸ਼ਰਮਨਾਕ ਗੱਲ ਏ। SYL ਮੁੱਦੇ ਤੇ ਉਨ੍ਹਾਂ ਕਿਹਾ ਕਿ SYL ਨਹਿਰ ਵਿੱਚ ਪਾਣੀ ਤਾਂ ਐ ਨਹੀਂ ਫਿਰ ਲੜਾਈ ਕਿਸ ਗੱਲ ਦੀ ਏ। SYL ਮੁੱਦਾ ਪੰਜਾਬ ਦੇ ਮੁੱਦਿਆਂ ਨੂੰ ਭਟਕਾਉਣ ਲਈ ਚੁੱਕਿਆ ਜਾ ਰਿਹਾ ਏ

---------------------------------------------------------------

ਸੀਮਾ ਸੁਰੱਖਿਆ ਬਲ ਦੇ ਜਵਾਨਾਂ ਨੇ, ਫ਼ਿਰੋਜ਼ਪੁਰ ਜ਼ਿਲ੍ਹੇ ਦੇ ਸਰਹੱਦੀ ਪਿੰਡ ਗਜ਼ਨੀ ਵਾਲਾ ਦੇ ਇਲਾਕੇ ਵਿੱਚ ਕੌਮਾਂਤਰੀ ਸਰਹੱਦ ਪਾਰ ਕਰਕੇ, ਭਾਰਤੀ ਇਲਾਕੇ ਵਿੱਚ ਦਾਖਲ ਇਕ ਪਾਕਿਸਤਾਨੀ ਨਾਗਰਿਕ ਨੂੰ ਕੱਲ੍ਹ ਸ਼ਾਮ ਰੇਂਜਰਾਂ ਦੇ ਹਵਾਲੇ ਕਰ ਦਿੱਤਾ।

ਬਲ ਦੇ ਇਕ ਬੁਲਾਰੇ ਨੇ ਜਲੰਧਰ ਵਿੱਚ ਦਸਿਆ ਕਿ ਇਹ ਨਾਗਰਿਕ ਬੀਤੇ 6 ਅਕਤੂਬਰ ਨੂੰ ਸਰਹੱਦ ਪਾਰ ਕਰਕੇ ਭਾਰਤੀ ਇਲਾਕੇ ਵਿੱਚ ਆ ਗਿਆ

ਸੀ। ਪੁੱਛ-ਗਿੱਛ ਦੌਰਾਨ ਪਤਾ ਚਲਿਆ ਕਿ ਉਹ ਗਲਤੀ ਨਾਲ ਸਰਹੱਦ ਵਲ ਆ ਗਿਆ ਅਤੇ ਉਸ ਕੋਲੋਂ ਕੋਈ ਵੀ ਇਤਰਾਜ਼ਯੋਗ ਵਸਤੂ ਬਰਾਮਦ ਨਹੀਂ ਹੋਈ।

ਮਾਮਲੇ ਤੇ ਬਲ ਨੇ ਪਾਕਿਸਤਾਨੀ ਰੇਂਜਰਸ ਨਾਲ ਸੰਪਰਕ ਕਰਕੇ ਸਖ਼ਤ ਵਿਰੋਧ ਦਰਜ ਕੀਤਾ। ਮਗਰੋਂ ਮਨੁੱਖੀ ਅਧਾਰ ਤੇ ਕੱਲ ਦੁਪਹਿਰ ਵੇਲੇ ਪਾਕਿਸਤਾਨੀ ਨਾਗਰਿਕ ਨੂੰ ਰੇਂਜਰਸ ਦੇ ਹਵਾਲੇ ਕਰ ਦਿੱਤਾ ਗਿਆ।

------------------------------------------------------------

ਪੰਜਾਬ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਨਿਰਦੇਸ਼ਾਂ ਮੁਤਾਬਕ ਜ਼ਿਲ੍ਹਾ ਤੇ ਸੈਸ਼ਨਜ਼ ਜੱਜ਼ ਅਤੇ ਜਲੰਧਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਚੇਅਰਮੈਨ ਨਿਰਭਉ ਸਿੰਘ ਗਿੱਲ ਦੀ ਰਹਿਨੁਮਾਈ ਹੇਠ ਅਥਾਰਟੀ ਵੱਲੋਂ "ਨਸ਼ਿਆਂ ਵਿਰੁੱਧ ਪੰਜਾਬ' ਪ੍ਰੋਗਰਾਮ ਜ਼ਿਲ੍ਹਾ ਅਦਾਲਤ ਜਲੰਧਰ ਵਿਖੇ ਕੱਲ੍ਹ ਆਯੋਜਿਤ ਕੀਤਾ ਗਿਆ।

ਜ਼ਿਲ੍ਹਾ ਤੇ ਸੈਸ਼ਨਜ਼ ਜੱਜ਼ ਕਮ ਚੇਅਰਮੈਨ ਨੇ ਕਰੀਬ 5 ਹਜ਼ਾਰ ਪੈਂਫਲੇਟ ਲੋਕਾਂ ਨੂੰ ਨਸ਼ਿਆਂ ਵਿਰੋਧੀ ਜਾਗਰੂਕਤਾ ਪੈਦਾ ਕਰਨ ਲਈ ਵੰਡੇ। ਨਿਰਭਉ ਸਿੰਘ ਗਿੱਲ ਨੇ ਦੱਸਿਆ ਕਿ ਸਮਾਜ ਵਿੱਚ ਵੱਧ ਰਹੇ ਨਸ਼ੇ ਦੇ ਮਾਮਲਿਆਂ ਨੂੰ ਰੋਕਣ ਲਈ ਅਤੇ ਲੋਕਾਂ ਵਿੱਚ ਨਸ਼ਿਆਂ ਵਿਰੋਧੀ ਜਾਗਰੂਕਤਾ ਪੈਦਾ ਕਰਨ ਲਈ ਇਹ ਮੁਹਿੰਮ ਇੱਕ ਮਹੀਨੇ ਤਕ ਚੱਲੇਗੀ।

ਇਸ ਦੌਰਾਨ ਵੱਖ- ਵੱਖ ਸਕੂਲਾਂ, ਕਾਲਜਾਂ ਅਤੇ ਪਿੰਡਾਂ ਵਿੱਚ ਨਸ਼ਾ ਵਿਰੋਧੀ ਜਾਗਰੂਕਤਾ ਰੈਲੀਆਂ ਕੱਢੀਆਂ ਜਾਣਗੀਆਂ। ਇਸ ਮੌਕੇ, ਸੀ.ਜੇ.ਐੱਮ. ਤੇ

ਜਲੰਧਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਸਕੱਤਰ ਡਾ. ਗਗਨਦੀਪ ਕੌਰ,ਨੇ ਪੀੜਤ ਮੁਆਵਜ਼ਾ ਯੋਜਨਾ ਤਹਿਤ ਜਾਣਕਾਰੀ ਦਿੰਦੇ ਦੱਸਿਆ ਕਿ ਸੜਕ ਦੁਰਘਟਨਾਂ ਵਿੱਚ ਜਾਨ ਗਵਾਉਣ ਵਾਲੇ ਵਿਅਕਤੀਆਂ ਦੇ ਆਸ਼ਰਿਤ ਪਰਿਵਾਰ ਜੇਕਰ ਨਾ-ਮਾਲੂਮ ਵਿਅਕਤੀ 'ਤੇ ਐਫ.ਆਈ.ਆਰ ਦਰਜ ਹੋਈ ਏ ਤਾਂ ਮੁਆਵਜਾ ਲੈਣ ਲਈ, ਜਲੰਧਰ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਜਿਲ੍ਹਾ ਕਚਿਹਰੀਆਂ ਵਿਖੇ ਸੰਪਰਕ ਕਰ ਸਕਦੇ ਨੇ।

-----------------------------------------------------------------

ਆਈ ਸੀ ਸੀ ਕ੍ਰਿਕਟ ਵਿਸ਼ਵ ਕੱਪ ਵਿੱਚ, ਅੱਜ ਭਾਰਤ ਆਪਣਾ ਪਹਿਲਾ ਮੈਚ ਆਸਟਰੇਲੀਆ ਨਾਲ ਖੇਡੇਗਾ। ਇਹ ਮੈਚ ਚੇਨਈ ਦੇ M.A. ਚਿਦੰਬਰਮ ਸਟੇਡੀਅਮ 'ਚ, ਹੁਣ ਤੋਂ ਥੋੜੀ ਦੇਰ ਬਾਅਦ, ਦੁਪਹਿਰ 2 ਵਜੇ ਖੇਡਿਆ ਜਾਵੇਗਾ।

ਕੱਲ੍ਹ ਨਵੀਂ ਦਿੱਲੀ ਵਿੱਚ ਖੇਡੇ ਗਏ ਮੈਚ ਵਿੱਚ ਦੱਖਣੀ ਅਫਰੀਕਾ ਨੇ ਸ੍ਰੀਲੰਕਾ ਨੂੰ 102 ਦੌੜਾਂ ਨਾਲ ਹਰਾਇਆ। ਦੱਖਣੀ ਅਫਰੀਕਾ ਨੇ ਪਹਿਲਾਂ ਬੱਲੇਬਾਜ਼ੀ ਕਰਦੇ ਹੋਏ ਨਿਰਧਾਰਤ 50 ਓਵਰਾਂ 'ਚ 5 ਵਿਕਟਾਂ 'ਤੇ 428 ਦੌੜਾਂ ਬਣਾਈਆਂ, ਜੋ ਵਿਸ਼ਵ ਕੱਪ 'ਚ ਕਿਸੇ ਵੀ ਟੀਮ ਦਾ ਸਭ ਤੋਂ ਵੱਡਾ ਸਕੋਰ ਏ।

ਜਵਾਬ 'ਚ ਸ੍ਰੀਲੰਕਾ ਦੀ ਟੀਮ 45ਵੇਂ ਓਵਰ 'ਚ 326 ਦੌੜਾਂ 'ਤੇ ਆਲ ਆਊਟ ਹੋ ਗਈ।